**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.) ਪੰਜਾਬ।**

**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

ਪਬਲਿਕ ਨੋਟਿਸ

ਨੰ: 336020/5 ਮਿਤੀ 06-09-2022

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਸਿਲੈਕਟ ਹੋਏ 71 EWS ਕੈਟਾਗਰੀ ਦੇ ਉਮੀਦਵਾਰਾਂ ਦੀ ਚੋਣ ਸੂਚੀ ਮਿਤੀ 06-09-2022 ਨੂੰ ਵੈਬਸਾਈਟ ਤੇ ਅਪਲੋਡ ਕੀਤੀ ਜਾ ਚੁੱਕੀ ਹੈ।

2.0 ਇਸ ਚੋਣ ਸੂਚੀ ਅਨੁਸਾਰ ਯੋਗ ਕਰਾਰ ਦਿੱਤੇ ਗਏ ਉਮੀਦਵਾਰਾਂ ਨੂੰ ਮਿਤੀ 07-09-2022 ਅਤੇ 08-09-2022 ਨੂੰ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪੋਰਟਲ ਮਿਤੀ 07-09-2022 ਤੋਂ 08-09-2022ਤੱਕ ਖੁੱਲ੍ਹਾ ਰਹੇਗਾ। ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਆਪਣੀ ਪਸੰਦ ਦਾ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀ ਕਰਨਗੇ, ਉਹਨਾਂ ਨੂੰ ਖਾਲੀ ਰਹਿੰਦੇ ਵਿੱਚੋਂ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੀ ਪਸੰਦ ਦੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਹੋ ਜਾਵੇਗਾ।

ਸਹਾਇਕ ਡਾਇਰੈਕਟਰ (ਅਮਲਾ-2)